ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

## ਅਧਿਕਾਰੀ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਸਮਾਂ-ਬੱਧ ਕਰਨ ਨੂੰ ਯਕੀਨੀ ਬਣਾਉਣ-ਜੱਥੇਦਾਰ ਤੋਤਾ ਸਿੰਘ

- **ਖੇਤੀਬਾੜੀ ਮੰਤਰੀ ਨੇ ਜ਼ਿਲ੍ਹਾ ਸਿਕਾਇਤ ਨਿਵਾਰਨ ਕਮੇਟੀ ਦੀ ਮੀਟਿੰਗ ਦੀ ਕੀਤੀ ਪ੍ਰਧਾਨਗੀ**
- **ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਬਰਮ ਪੁਰ ਕਰਨ ਦੇ ਮਕਸਦ ਨਾਲ 20 ਅਪ੍ਰੈਲ ਤੋਂ 5 ਮਈ ਤੱਕ ਨਿਸ਼ਾਨਦੇਹੀਆਂ ਕਰਨ ਦੇ ਆਦੇਸ਼**
- **ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਸਿਕਾਇਤਾਂ ਦਾ ਨਿਪਟਾਰਾ ਮਿਥੇ ਸਮੇਂ ਅੰਦਰ ਕਰਨ ਦੇ ਦਿੱਤੇ ਆਦੇਸ਼**

ਮੋਗਾ ਫ਼ਰਵਰੀ 8:

ਅਧਿਕਾਰੀ, ਆਮ ਜਨਤਾ ਦੀਆਂ ਸ਼ਿਕਾਇਤਾਂ ਦਾ ਸਮਾਂ-ਬੱਧ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।

ਇਹ ਪ੍ਰਗਟਾਵਾ ਖੇਤੀਬਾੜੀ ਮੰਤਰੀ ਪੰਜਾਬ ਜੱਥੇਦਾਰ ਤੋਤਾ ਸਿੰਘ ਨੇ ਜਿਲ੍ਹਾ ਪੱਧਰੀ ਸ਼ਿਕਾਇਤ ਨਿਵਾਰਨ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੀ ਮੌਜੂਦ ਸਨ। ਮੀਟਿੰਗ ਦੌਰਾਨ ਮੰਤਰੀ ਨੇ ਦੱਸਿਆ ਕਿ ਜਿਲ੍ਹਾ ਸਿਕਾਇਤ ਨਿਵਾਰਨ ਕਮੇਟੀ ਦਾ ਮੁੱਖ ਮੰਤਵ ਆਮ ਜਨਤਾ ਦੀਆਂ ਸਿਕਾਇਤਾਂ ਦਾ ਮਿਥੇ ਸਮੇਂ 'ਚ ਨਿਵਾਰਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸ਼ਿਕਾਇਤ ਨਿਵਾਰਨ ਕਮੇਟੀ ਦੇ ਮੈਂਬਰ ਪ੍ਰਸ਼ਾਸ਼ਨ ਤੇ ਆਮ ਜਨਤਾ ਵਿਚਕਾਰ ਕੜੀ ਵਜੋ ਕੰਮ ਕਰਦੇ ਹਨ।

ਮੀਟਿੰਗ ਦੌਰਾਨ ਸ. ਗੁਰਮਿੰਦਰਜੀਤ ਸਿੰਘ ਬਬਲੂ ਵੱਲੋਂ ਸਟੇਟ ਬੈਂਕ ਆਫ਼ ਇੰਡੀਆ ਜੀ.ਟੀ.ਰੋਡ ਵੱਲੋਂ ਬੁਢਾਪਾ, ਵਿਧਵਾ ਤੇ ਅੰਗਹੀਣ ਪੈਨਸ਼ਨਰਾਂ ਨੂੰ ਖੱਜਲ-ਖੁਆਰ ਕਰਨ ਬਾਰੇ ਧਿਆਨ ਵਿੱਚ ਲਿਆਉਣ 'ਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸੇ ਵੀ ਅਧਿਕਾਰੀ ਵੱਲੋਂ ਅਜਿਹੀ ਅਣਗਹਿਲੀ ਸਹਿਣ ਨਹੀਂ ਕੀਤੀ ਜਾਵੇਗੀ ਅਤੇ ਅਧਿਕਾਰੀਆਂ ਨੂੰ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਨੇ ਚਾਹੀਦੇ ਹਨ। ਗੁਰਮਿੰਦਰਜੀਤ ਸਿੰਘ ਬਬਲੂ ਵੱਲੋਂ ਹੀ ਜ਼ਿਲ੍ਹੇ ਦੇ ਸਾਰੇ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ, ਲੈਬਾਰਟਰੀਆਂ, ਐਕਸਰੇ ਤੇ ਸਕੈਨ ਸੈਂਟਰਾਂ ਦੇ ਗੇਟਾਂ ਦੇ ਬਾਹਰ ਖਰਚੇ ਦੀਆਂ ਰੇਟ ਲਿਸਟਾਂ ਲਗਾਉਣ ਸਬੰਧੀ ਸ਼ਿਕਾਇਤ 'ਤੇ ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਮੋਗਾ ਨੂੰ ਇੱਕ ਹਫ਼ਤੇ ਦੇ ਅੰਦਰ ਰੇਟ ਲਿਸਟਾਂ ਲਗਾਉਣ ਨੂੰ ਯਕੀਨੀ ਬਣਾਉਣ ਲਈ ਕਿਹਾ। ਸ. ਹਰਿੰਦਰ ਸਿੰਘ ਰਣੀਆਂ ਨੇ ਰਣੀਆਂ ਤੋਂ ਰਾਊਕੇ ਕਲਾਂ ਨਹਿਰ ਦੇ ਪੁਲ ਕਿਨਾਰੇ ਸੁਰੱਖਿਆ ਦੀਵਾਰ ਬਣਾਉਣ ਸਬੰਧੀ ਦਰਖਾਸਤ 'ਤੇ ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ ਨੇ ਦੱਸਿਆ ਕਿ ਲੋੜੀਂਦੀ ਰਾਸ਼ੀ ਪ੍ਰਾਪਤ ਹੋ ਜਾਣ 'ਤੇ ਜਲਦੀ ਹੀ ਦੀਵਾਰ ਦੀ ਉਸਾਰੀ ਕਰ ਦਿੱਤੀ ਜਾਵੇਗੀ, ਪ੍ਰੰਤੂ ਡਿਪਟੀ ਕਮਿਸ਼ਨਰ ਨੇ ਫ਼ੌਰੀ ਤੌਰ 'ਤੇ ਆਰਜ਼ੀ ਪ੍ਰਬੰਧ ਕਰਨ ਦੀ ਹਦਾਇਤ ਕੀਤੀ।ਸ. ਤਰਲੋਚਨ ਸਿੰਘ ਗਿੱਲ ਨੇ ਦੁਸਾਂਝ ਰੋਡ 'ਤੇ ਸੇਕਰਡ ਹਾਰਟ ਸਕੂਲ ਦੀਆਂ ਬੱਸਾਂ /ਵੈਨਾਂ ਨਾਲ ਟ੍ਰੈਫ਼ਿਕ ਜਾਮ ਹੋਣ ਸਬੰਧੀ ਕੀਤੀ ਗਈ ਸ਼ਿਕਾਇਤ 'ਤੇ ਪੁਲਿਸ ਅਧਿਕਾਰੀ ਜਸਵਿੰਦਰ ਸਿੰਘ ਘਾਰੂ ਨੇ ਦੱਸਿਆ ਕਿ ਦੁਸਾਂਝ ਰੋਡ 'ਤੇ ਪੁਲਿਸ ਦੇ ਕ੍ਰਮਚਾਰੀ ਤਾਇਨਾਤ ਕਰ ਦਿੱਤੇ ਗਏ ਹਨ ਅਤੇ ਟ੍ਰੈਫ਼ਿਕ ਦੀ ਸਮੱਸਿਆ ਦਾ ਹੱਲ ਕਰ ਦਿੱਤਾ ਗਿਆ ਹੈ। ਸ. ਹਰਿੰਦਰ ਸਿੰਘ ਰਣੀਆਂ ਵੱਲੋਂ ਹੀ ਨਿਹਾਲ ਸਿੰਘ ਵਾਲਾ ਤੋਂ ਬਰਨਾਲਾ ਰੋਡ 'ਤੇ ਦਰੱਖਤਾਂ ਦੀ ਕਟਾਈ ਕਰਵਾ ਕੇ ਪੁਲ ਨੂੰ ਸਿੱਧਾ ਕਰਨ ਦੀ ਸ਼ਿਕਾਇਤ 'ਤੇ ਵਣ ਰੇਂਜ ਅਫ਼ਸਰ ਨੇ ਦੱਸਿਆ ਕਿ ਇੰਨ੍ਹਾ ਦਰੱਖਤਾਂ ਦੀ ਕਟਵਾਈ ਕਰਵਾਈ ਜਾ ਚੁੱਕੀ ਹੈ। ਗੁਰਮੀਤ ਸਿੰਘ ਲੋਹਗੜ੍ਹ ਦੀ ਲੋਹਗੜ੍ਹ ਤੋਂ ਬੱਡੂਵਾਲ ਸੜਕ 'ਤੇ ਸਿੱਧਵਾਂ ਬਰਾਂਚ ਦੇ ਪੁਲ ਦੀ ਫ਼ਰਸ ਉੱਚੀ ਕਰਨ ਤੇ ਸੂਏ ਦੇ ਪੁਲ ਦੇ ਦੋਵੇਂ ਪਾਸੇ ਸੜਕ ਚੌੜੀ ਕਰਨ ਸਬੰਧੀ ਸ਼ਿਕਾਇਤ 'ਤੇ ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ ਨੇ ਇਹ ਕੰਮ 31 ਮਾਰਚ, 2016 ਤੱਕ ਮੁਕੰਮਲ ਕਰਵਾਉਣ ਦਾ ਯਕੀਨੀ ਦਿਵਾਇਆ। ਇਸੇ ਤਰ੍ਹਾਂ ਕਮੇਟੀ ਮੈਂਬਰ ਅਜਮੇਰ ਸਿੰਘ ਵੱਲੋਂ ਡਰੋਲੀ ਭਾਈ ਤੋਂ ਸਾਫੂਵਾਲਾ ਰੋਡ 'ਤੇ ਤਕਰੀਬਨ 600 ਗਜ਼ ਕੱਚੀ ਸੜਕ ਨੂੰ ਪੱਕੀ ਕਰਨ ਦੀ ਦਰਖਾਸਤ 'ਤੇ ਕਾਰਜਕਾਰੀ ਇੰਜਨੀਅਰ ਲੋਕ ਨਿਰਮਾਣ ਵਿਭਾਗ ਨੇ ਇਸ ਨੂੰ 31 ਮਾਰਚ, 2016 ਤੱਕ ਮੁਰੰਮਤ ਕਰਨ ਦਾ ਯਕੀਨ ਦਿਵਾਇਆ।

ਮੀਟਿੰਗ ਦੌਰਾਨ ਕਮੇਟੀ ਮੈਂਬਰ ਵੱਲੋਂ ਸੰਪਰਕ ਸੜਕਾਂ ਦੇ ਨਾਲ ਬਰਮ ਪੁਰ ਕਰਨ ਲਈ ਮੰਤਰੀ ਦੇ ਧਿਆਨ ਵਿੱਚ ਲਿਆਉਣ ਤੇ ਜੱਥੇਦਾਰ ਤੋਤਾ ਸਿੰਘ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੰਪਰਕ ਸੜਕਾਂ ਦੇ ਨਾਲ ਬਰਮ ਪੁਰ ਕਰਨ ਲਈ 20 ਅਪ੍ਰੈਲ ਤੋਂ 5 ਮਈ ਤੱਕ ਨਿਸ਼ਾਨਦੇਹੀ ਕਰਨ ਨੂੰ ਯਕੀਨੀ ਬਣਾਉਣਗੇ, ਤਾਂ ਜੋ ਸੜਕਾਂ ਨੂੰ ਟੁੱਟਣ ਤੋਂ ਬਚਾਇਆ ਜਾ ਸਕੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਨਿਪਟਾਰਾ ਮਿਥੇ ਸਮੇਂ ਅੰਦਰ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਸਿਕਾਇਤ ਨੂੰ ਨਿਸਚਤ ਸਮੇਂ ਤੋ ਵੱਧ ਸਮਾਂ ਲੱਗਣ ਦੀ ਸੰਭਾਵਨਾ ਜਾਪੇ ਤਾਂ ਇਸ ਸਬੰਧੀ ਸਿਕਾਇਤ-ਕਰਤਾ ਨੂੰ ਸੂਚਿਤ ਕਰਨ ਦੀ ਹਰ ਸੰਭਵ ਕੋਸ਼ਿਸ ਕੀਤੀ ਜਾਵੇ। ਇਸ ਮੌਕੇ ਪੇਸ਼ ਕੀਤੀਆਂ ਗਈਆਂ 15 ਸ਼ਿਕਾਇਤਾਂ ਵਿੱਚੋਂ 6 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ।

ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ, ਐਸ.ਡੀ.ਐਮ ਨਿਹਾਲ ਸਿੰਘ ਵਾਲਾ ਜੋਤੀ ਬਾਲਾ ਮੱਟੂ, ਐਸ ਡੀ.ਐਮ ਬਾਘਾਪੁਰਾਣਾ ਨਿਧੀ ਕਲੋਤਰਾ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਭਾਜਪਾ ਨੇਤਾ ਮੋਹਨ ਲਾਲ ਸੇਠੀ, ਗੁਰਮਿੰਦਰਜੀਤ ਸਿੰਘ ਬਬਲੂ, ਚੇਅਰਮੈਨ ਜਗਤਾਰ ਸਿੰਘ ਰਾਜੇਆਣਾ, ਕੁਲਦੀਪ ਸਿੰਘ ਜੋਗੇਵਾਲਾ, ਤਰਲੋਚਨ ਸਿੰਘ ਗਿੱਲ ਭਾਜਪਾ, ਗੁਰਮੀਤ

ਸਿੰਘ ਲੋਹਗੜ੍ਹ, ਗੁਰਮੇਲ ਸਿੰਘ ਸੰਗਤਪੁਰਾ, ਜਗਜੀਤ ਸਿੰਘ ਜੌੜਾ, ਭੁਪਿੰਦਰ ਸਿੰਘ ਸਾਹੋਕੇ, ਜਗਦੀਸ਼ ਸਿੰਘ ਚੋਟੀਆਂ, ਭੁਪਿੰਦਰ ਸਿੰਘ ਮਹੇਸ਼ਰੀ ਆਦਿ ਕਮੇਟੀ ਮੈਂਬਰ ਅਤੇ ਅਧਿਕਾਰੀ ਤੇ ਨੁਮਾਇੰਦੇ ਹਾਜ਼ਰ ਸਨ।

------

ਨੰ: ਪੀ.ਆਰ (ਪ੍ਰੈ ਰੀ)-2016/65

**ਤਸਵੀਰਾਂ ਨੱਥੀ ਹਨ ਜੀ**





